# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :24-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੇਪਰ ਲੀਕ ਘਟਨਾ ਤੋਂ ਬਾਅਦ ਪਿਛਲੇ ਢਾਈ ਮਹੀਨਿਆਂ ਵਿੱਚ ਕਈ ਕਦਮ ਚੁੱਕੇ ਗਏ ਨੇ. ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਏ। ਬੀਤੀ ਰਾਤ ਇੱਕ ਵੀਡੀਓ ਸੰਦੇਸ਼ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਦੀ ਮੁੱਖ ਜ਼ਿੰਮੇਵਾਰੀ ਇਹ ਯਕੀਨੀ ਬਣਾਉਣਾ ਏ ਕਿ ਵਿਦਿਆਰਥੀਆਂ ਦਾ ਅਕਾਦਮਿਕ ਸਾਲ ਬਰਬਾਦ ਨਾ ਹੋਵੇ ਅਤੇ ਪ੍ਰੀਖਿਆਵਾਂ ਤੁਰੰਤ ਕਰਵਾਉਣਾ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਪੇਪਰ ਲੀਕ ਕੋਈ ਮਾਮੂਲੀ ਮੁੱਦਾ ਨਹੀਂ ਏ ਅਤੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਬੇਹਦ ਦੁਖਦਾਈ ਏ। BYTE:RNU240726

---

ਇਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਪੰਜਾਬ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਅੱਠ ਥਾਵਾਂ 'ਤੇ ਕਥਿਤ ਬੈਂਕ ਧੋਖਾਧੜੀ ਅਤੇ ਮਨੀ ਲਾਂਡਰਿੰਗ ਮਾਮਲੇ ਸੰਬਧੀ ਤਲਾਸ਼ੀ ਮੁਹਿੰਮ ਲਈ ਏ।

ਡਾਇਰੈਕਟੋਰੇਟ ਨੇ ਕਿਹਾ ਕਿ ਇਹ ਜਾਂਚ, ਕੇਂਦਰੀ ਜਾਂਚ ਬਿਊਰੋ ਦੇ ਇੱਕ ਮਾਮਲੇ ਨਾਲ ਸਬੰਧਤ ਏ, ਜਿਸ ਵਿੱਚ ਲਗਭਗ 450 ਕਰੋੜ ਦੀ ਧੋਖਾਧੜੀ ਸ਼ਾਮਲ ਏ । ਮਾਮਲੇ ਦੀ ਜਾਂਚ ਜਾਰੀ ਏ ।

-----------------------------------------------------------------------------

ਕੇਂਦਰੀ ਜਾਂਚ ਬਿਊਰੋ-CBI ਨੇ ਰਿਸ਼ਵਤਖੋਰੀ ਦੇ ਇੱਕ ਮਾਮਲੇ ਵਿੱਚ ਕਰਮਚਾਰੀ ਭਵਿੱਖ ਨਿਧੀ ਸੰਗਠਨ ਦੇ ਪਟਿਆਲਾ ਜ਼ਿਲ੍ਹਾ ਦਫ਼ਤਰ ਇੱਕ ਇਨਫੋਰਸਮੈਂਟ ਅਧਿਕਾਰੀ ਨੂੰ ਗ੍ਰਿਫ਼ਤਾਰ ਕੀਤਾ ਏ । ਸੀਬੀਆਈ ਸੂਤਰਾਂ ਅਨੁਸਾਰ, ਇਹ ਕਾਰਵਾਈ 22 ਜੁਲਾਈ ਨੂੰ ਮਿਲੀ ਇੱਕ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਗਈ ਸੀ, ਜਿਸ ਵਿੱਚ ਇਲਜ਼ਾਮ ਲਗਾਇਆ ਗਿਆ ਸੀ ਕਿ ਮੁਲਜ਼ਮ, ਸ਼ਿਕਾਇਤਕਰਤਾ ਖਿਲਾਫ ਜੁਰਮਾਨੇ ਦੀ ਸਿਫ਼ਾਰਸ਼ ਕਰਨ ਵਾਲੀ ਪ੍ਰਤੀਕੂਲ ਰਿਪੋਰਟ ਪੇਸ਼ ਨਾ ਕਰਨ ਦੇ ਬਦਲੇ 4 ਲੱਖ ਰੁਪਏ ਦੀ ਰਿਸ਼ਵਤ ਮੰਗ ਰਿਹਾ ਸੀ। ਸੀਬੀਆਈ ਨੇ ਸ਼ਿਕਾਇਤਕਰਤਾ ਤੋਂ ਢਾਈ ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਦੋਸ਼ੀ ਨੂੰ ਰੰਗੇ ਹੱਥੀਂ ਕਾਬੂ ਕੀਤਾ। ਮੁਲਜ਼ਮ ਨੂੰ ਉਸੇ ਦਿਨ ਗ੍ਰਿਫ਼ਤਾਰ ਕੀਤਾ ਗਿਆ ਅਤੇ ਕੱਲ੍ਹ ਚੰਡੀਗੜ੍ਹ ਦੀ ਇੱਕ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਜਿੱਥੇ ਉਸਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਸੀ।

-----------------------------------------------------------------------------

ਪੰਜਾਬ ਸਰਕਾਰ ਵਲੋਂ 7200 ਕਰੋੜ ਦੇ ਸਿੰਜਾਈ ਪ੍ਰਾਜੈਕਟ ਸੂਬੇ ਦੇ ਵੱਖ ਵੱਖ ਪਿੰਡਾਂ ਵਿਚ ਨਹਿਰੀ ਪਾਣੀ ਲਈ ਸ਼ੁਰੂ ਕੀਤੇ ਗਏ ਨੇ । ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ ਵਿਧਾਨ ਸਭਾ ਹਲਕਾ ਭਦੌੜ ਦੇ ਪਿੰਡ ਸੰਧੂ ਕਲਾਂ ਵਿਖੇ ਛਪਾਲੀ ਸਿਸਟਮ ਦੇ 37 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦੇ ਉਦਘਾਟਨ ਕਰਦਿਆਂ ਇਹ ਜਾਣਕਾਰੀ ਦਿਤੀ। ਉਂਨਾ ਦੱਸਿਆ ਕਿ ਇਸ ਪ੍ਰਾਜੈਕਟ ਨਾਲ 11 ਹੋਰ ਪਿੰਡਾਂ ਨੂੰ ਲਾਭ ਪੁੱਜੇਗਾ ਅਤੇ 3 ਹਜ਼ਾਰ 854 ਏਕੜ ਹੋਰ ਰਕਬੇ ਵਿੱਚ ਨਹਿਰੀ ਪਾਣੀ ਪੁੱਜੇਗਾ। ਉਨ੍ਹਾਂ ਪਿੰਡ ਭਗਤਪੁਰਾ ਵਿਚ 45 ਕਰੋੜ 46 ਲਖ ਰੁਪਏ ਦੀ ਲਾਗਤ ਵਾਲੇ ਕੰਕਰੀਟ ਲਾਈਨਿੰਗ ਅਤੇ ਨਹਿਰੀ ਖਾਲਾਂ ਦੇ ਨਵੀਨੀਕਰਨ ਪ੍ਰਾਜੈਕਟ ਦਾ ਉਦਘਾਟਨ ਕੀਤਾ। ਇਸ ਪ੍ਰਾਜੈਕਟ ਨਾਲ 12 ਹੋਰ ਪਿੰਡਾਂ ਨੂੰ ਲਾਭ ਮਿਲੇਗਾ।

---------------------------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਲੁਧਿਆਣਾ ਵਿਖੇ ਉਸਾਰੀ ਅਧੀਨ ਬਾਗਬਾਨੀ ਵਿਕਾਸ ਕੇਂਦਰ ਦੇ ਨਿਰਮਾਣ ਕਾਰਜਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਅਤੇ ਇਸ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਨੇ ਕਿਹਾ ਕਿ ਲੁਧਿਆਣਾ ਵਿਖੇ ਸਥਾਪਤ ਕੀਤਾ ਜਾ ਰਿਹਾ ਬਾਗਬਾਨੀ ਵਿਕਾਸ ਕੇਂਦਰ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੀ

ਪੌਦ ਸਮੱਗਰੀ, ਆਧੁਨਿਕ ਬਾਗਬਾਨੀ ਤਕਨੀਕਾਂ, ਸਿਖਲਾਈ ਅਤੇ ਤਕਨੀਕੀ ਮਾਰਗਦਰਸ਼ਨ ਮੁਹੱਈਆ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ । ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਮਾਣ ਕਾਰਜਾਂ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

---------------------------------------------------------------------------

ਪੰਜਾਬ ਸਰਕਾਰ ਨੇ ਵਿਦਿਆਰਥੀਆਂ ਨੂੰ ਵੱਡੀ ਰਾਹਤ ਦਿੰਦਿਆਂ ਅਕਾਦਮਿਕ ਸੈਸ਼ਨ 2026-27 ਲਈ ਯੂਨੀਫਾਈਡ ਸਟੂਡੈਂਟ ਰਜਿਸਟ੍ਰੇਸ਼ਨ ਪੋਰਟਲ 'ਤੇ ਡਿਜੀਟਾਈਜ਼ਡ ਜਨਮ ਸਰਟੀਫਿਕੇਟ ਅਪਡੇਟ ਕਰਨ ਦੇ ਸਮੇਂ ਵਿੱਚ ਵਾਧੇ ਨੂੰ ਮਨਜ਼ੂਰੀ ਦਿੱਤੀ ਏ । ਇਸ ਕਦਮ ਦਾ ਉਦੇਸ਼ ਡਿਜੀਟਲ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਬਣਾਉਣਾ ਅਤੇ ਇਹ ਯਕੀਨੀ ਬਣਾਉਣਾ ਏ ਕਿ ਦਸਤਾਵੇਜ਼ਾਂ ਸਬੰਧੀ ਦੇਰੀ ਕਾਰਨ ਕਿਸੇ ਵੀ ਵਿਦਿਆਰਥੀ ਨੂੰ ਦਾਖਲਾ ਲੈਣ ਵਿੱਚ ਕੋਈ ਦਿੱਕਤ ਨਾ ਆਵੇ । ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ 8ਵੀਂ ਜਮਾਤ ਦੇ ਵਿਦਿਆਰਥੀਆਂ, ਜਿਨ੍ਹਾਂ ਕੋਲ ਡਿਜੀਟਾਈਜ਼ਡ ਜਨਮ ਸਰਟੀਫਿਕੇਟ ਨਹੀਂ ਏ, ਨੂੰ ਦਸਤਾਵੇਜ਼ ਪ੍ਰਾਪਤ ਕਰਨ ਅਤੇ ਇਸ ਨੂੰ ਪੋਰਟਲ 'ਤੇ ਅਪਡੇਟ ਕਰਨ ਲਈ 30 ਅਕਤੂਬਰ ਤੱਕ ਦਾ ਸਮਾਂ ਦਿੱਤਾ

ਗਿਆ ਏ। ਇਸੇ ਤਰ੍ਹਾਂ, 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਰਜਿਸਟ੍ਰੇਸ਼ਨ ਪ੍ਰਕਿਰਿਆ ਦੌਰਾਨ ਲੋੜੀਂਦੇ ਸੁਧਾਰ ਅਤੇ ਇਸ ਨੂੰ ਅਪਡੇਟ ਕਰਨ ਲਈ ਅਗਲੇ ਅਕਾਦਮਿਕ ਸੈਸ਼ਨ ਤੱਕ ਦਾ ਸਮਾਂ ਦਿੱਤਾ ਗਿਆ ਏ।

----------------------------------------------------------------------------

ਭਾਰਤੀ ਫੌਜ ਦੇ ਨਾਇਬ ਰਿਸਾਲਦਾਰ ਵਰਿੰਦਰ ਸਿੰਘ ਦੇ ਪਰਿਵਾਰ ਨੇ ਮਨੁੱਖਤਾ ਅਤੇ ਹਮਦਰਦੀ ਵਜੋਂ 21 ਜੁਲਾਈ ਨੂੰ ਪੰਚਕੂਲਾ ਦੇ ਚੰਡੀ-ਮੰਦਰ ਵਿਖੇ ਪੱਛਮੀ ਕਮਾਂਨ ਦੇ ਹਸਪਤਾਲ ਵਿੱਚ ਦਿਮਾਗੀ ਤੌਰ 'ਤੇ ਮ੍ਰਿਤਕ ਐਲਾਨੇ ਜਾਣ ਤੋਂ ਬਾਅਦ ਉਨ੍ਹਾਂ ਦੇ ਅੰਗ ਦਾਨ ਕਰ ਦਿੱਤੇ ਨੇ। ਅਧਿਕਾਰਤ ਸੂਤਰਾਂ ਮੁਤਾਬਿਕ ਉਨ੍ਹਾਂ ਦੀ ਪਤਨੀ ਸ੍ਰੀਮਤੀ ਕੁਸੁਮ ਨੇ ਸਵੈ-ਇੱਛਾ ਨਾਲ ਅੰਗ ਦਾਨ ਕੀਤਾ ਏ।  ਸੱਤ ਮਹੱਤਵਪੂਰਨ ਅੰਗ - ਦੋ ਗੁਰਦੇ, ਜਿਗਰ, ਫੇਫੜੇ ਅਤੇ ਦੋ ਕੋਰਨੀਆ ਸਫਲਤਾਪੂਰਵਕ ਪ੍ਰਾਪਤ ਕੀਤੇ ਗਏ ਅਤੇ ਹਰਿਆਣਾ, ਦਿੱਲੀ ਅਤੇ ਹੈਦਰਾਬਾਦ ਵਿੱਚ ਜਾਨ ਬਚਾਉਣ ਲਈ ਲੋੜੀਂਦੇ ਮਰੀਜ਼ਾਂ ਵਿੱਚ ਟ੍ਰਾਂਸਪਲਾਂਟ ਕੀਤੇ ਗਏ। ਨਾਇਬ ਰਿਸਾਲਦਾਰ ਵਰਿੰਦਰ ਨੂੰ 16, ਹਜ਼ਾਰ  ਫੁੱਟ ਦੀ ਉਚਾਈ 'ਤੇ ਲੱਦਾਖ ਦੇ ਉੱਚ-ਉਚਾਈ ਵਾਲੇ ਖੇਤਰਾਂ ਵਿੱਚ ਤਾਇਨਾਤੀ ਦੌਰਾਨ ਦਿਮਾਗ ਦਾ ਦੌਰਾ ਪਿਆ। 16 ਜੁਲਾਈ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲਣ ਅਤੇ ਤੇਜ਼ੀ ਨਾਲ ਹਵਾਈ ਸੁਵਿਧਾ ਰਾਹੀਂ ਕਮਾਂਨ ਹਸਪਤਾਲ

ਵਿੱਚ ਲਿਆਂਦੇ ਜਾਣ ਦੇ ਬਾਵਜੂਦ ਉਹ ਠੀਕ ਨਹੀਂ ਹੋ ਸਕੇ।

--------------------------------------------------------------------------

ਕੇਂਦਰੀ ਕਪੜਾ ਮੰਤਰਾਲੇ ਨੇ ਭਾਰਤ ਦੀ ਅਮੀਰ ਦਸਤਕਾਰੀ ਵਿਰਾਸਤ ਨੂੰ ਸੰਭਾਲਣ, ਉਤਸਾਹਿਤ ਕਰਨ ਅਤੇ ਵਿਕਸਿਤ ਕਰਨ ਲਈ ਚੌਪਾਲ ਪ੍ਰੋਗਰਾਮ ਨੂੰ ਅਗਲੇ ਪੰਜ ਸਾਲਾਂ ਲਈ ਇੱਕ ਰਾਸ਼ਟਰੀ ਪਹਿਲ ਕਦਮੀ ਵਜੋਂ ਸ਼ੁਰੂ ਕੀਤਾ ਏ, ਜਿਸ ਵਿੱਚ ਦੇਸ਼ ਭਰ ਦੇ 100 ਦਸਤਕਾਰੀ ਆਸਵੰਦ ਜ਼ਿਲਿਆਂ ਨੂੰ ਸ਼ਾਮਿਲ ਕੀਤਾ ਗਿਆ ਏ। ਪੰਜਾਬ ਵਿੱਚ ਇਸ ਮਕਸਦ ਲਈ ਤਿੰਨ ਜਿਲਿਆਂ ਨੂੰ ਐਸਪੀਰੇਸ਼ਨਲ ਜਿਲਿਆਂ ਵਜੋਂ ਜ਼ਿਲ੍ਹਾ ਫਿਰੋਜ਼ਪੁਰ, ਮੋਗਾ ਅਤੇ ਕਪੂਰਥਲਾ ਨੂੰ ਚੁਣਿਆ ਗਿਆ ਏ। ਚੌਪਾਲ ਪ੍ਰੋਗਰਾਮ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਚੁਣੇ ਗਏ ਆਸਵੰਦ ਜ਼ਿਲਿਆਂ ਵਿੱਚ ਅਗਲੇ ਪੰਜ ਸਾਲ ਦੌਰਾਨ 500 ਤੋਂ 1000 ਤੋਂ ਘੱਟ ਗਿਣਤੀ ਵਿੱਚ ਪਹਿਲੀ ਪੀੜੀ ਦੇ ਦਸਤਕਾਰਾਂ ਦੀ ਪਛਾਣ ਕੀਤੀ ਜਾਵੇਗੀ। ਸਰਕਾਰ ਵੱਲੋਂ ਚਲਾਈ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਤੇ ਯੋਜਨਾਵਾਂ ਬਾਰੇ ਜਾਗਰੂਕ ਕਰਕੇ ਉਹਨਾਂ ਨੂੰ ਵਿੱਤੀ ਲਾਭ ਉਹਨਾਂ ਤੱਕ ਪਹੁੰਚਾ ਕੇ ਦਸਤਕਾਰੀ ਕਲਸਟਰ ਦਾ ਗਠਨ ਕਰਨਾ ਏ। ਇਸ ਟੀਚੇ ਮੁੱਖ ਰੱਖਦੇ ਹੋਏ ਜਿਲ੍ਹਾ ਕਪੂਰਥਲਾ ਵਿੱਚ ਡਿਪਟੀ ਕਮਿਸ਼ਨਰ ਆਕਾਸ਼ ਬਾਸਲ ਦੀ ਅਗਵਾਈ ਵਿੱਚ ਚੋਪਾਲ ਪ੍ਰੋਗਰਾਮ ਅਧੀਨ ਕਰਾਫਟ ਡੈਮੋਸਟਰੇਸ਼ਨ ਐਡ ਅਵੇਅਰਨੈਸ ਪ੍ਰੋਗਰਾਮ-ਸੀ ਡੈਪ , ਪੀ.ਐਮ ਸ੍ਰੀ ਸਰਕਾਰੀ ਗਰਲਸ

ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਇਆ ਗਿਆ I ਜਿਸ ਵਿੱਚ 200 ਦੇ ਕਰੀਬ ਵਿਦਿਆਰਥਣਾਂ ਨੇ ਹਿੱਸਾ ਲਿਆ । ਇਹ ਪ੍ਰੋਗਰਾਮ 21 ਜੁਲਾਈ ਤੋਂ ਅੱਜ ਤੱਕ ਚਲਾਇਆ ਗਿਆ ਜਿਸ ਵਿੱਚ ਵਿਦਿਆਰਥਾਂ ਨੂੰ ਵੁੱਡ ਇਨਲੇ, ਪੇਂਟਿੰਗ, ਫੁਲਕਾਰੀ ਕਢਾਈ ਅਤੇ ਹੇਠ ਸਾਮਾਨ ਬਣਾਉਣ ਦੀ ਮੁੱਢਲੀ ਸਿਖਲਾਈ ਕਰਵਾਈ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਉਨ੍ਹਾਂ ਦੱਸਿਆ ਗਿਆ ਕਿ ਇਸ ਸਾਲ ਵਿੱਚ ਕੁਲ 5 ਪ੍ਰੋਗਰਾਮ ਜਿਲ੍ਹੇ ਦੇ ਵੱਖ ਵੱਖ ਸਕੂਲਾਂ ਵਿੱਚ ਸੀ ਡੈਪ ਅਧੀਨ ਕਰਵਾਏ ਜਾਣਗੇ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਕਾਟਲੈਂਡ ਦੇ ਗਲਾਸਗੋ ਵਿੱਚ ਰਾਸ਼ਟਰਮੰਡਲ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਭਾਰਤੀ ਦਲ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਭਰੋਸਾ ਪ੍ਰਗਟਾਇਆ ਕੀਤਾ ਕਿ ਭਾਰਤੀ ਐਥਲੀਟ ਜਨੂੰਨ, ਦ੍ਰਿੜਤਾ ਅਤੇ ਉੱਤਮਤਾ ਦੀ ਭਾਵਨਾ ਨਾਲ ਮੁਕਾਬਲਾ ਕਰਨਗੇ। ਉਨ੍ਹਾਂ ਕਿਹਾ ਕਿ ਦੇਸ਼ ਦੇ ਐਥਲੀਟਾਂ ਦਾ ਹੁਨਰ ਅਤੇ ਸਮਰਪਣ ਅਣਗਿਣਤ ਭਾਰਤੀਆਂ ਨੂੰ ਪ੍ਰੇਰਿਤ ਕਰਦਾ ਏ ।